ਰਾਮਕਲੀ ਮਹਲਾ ੧ ॥ ਅੰਤਰਿ ਉਤਭੁਜੁ ਅਵਰੁ ਨ ਕੋਈ ॥ ਜੋ ਕਹੀਐ ਸੋ ਪ੍ਰਭ ਤੇ ਹੋਈ ॥ ਜੁਗਹ ਜੁਗੰਤਰਿ ਸਾਹਿਬੁ ਸਚੁ ਸੋਈ ॥ ਉਤਪਤਿ ਪਰਲਉ ਅਵਰੁ ਨ ਕੋਈ ॥ ੧॥ ਐਸਾ ਮੇਰਾ ਠਾਕੁਰੁ ਗਹਿਰ ਗੰਭੀਰੁ ॥ ਜਿਨਿ ਜਪਿਆ ਤਿਨ ਹੀ ਸੁਖੁ ਪਾਇਆ ਹਰਿ ਕੈ ਨਾਮਿ ਨ ਲਗੈ ਜਮ ਤੀਰੁ ॥ ੧॥ ਰਹਾਉ ॥ ਨਾਮੁ ਰਤਨੁ ਹੀਰਾ ਨਿਰਮੋਲੁ ॥ ਸਾਚਾ ਸਾਹਿਬੁ ਅਮਰੁ ਅਤੋਲੁ ॥ ਜਿਹਵਾ ਸੂਚੀ ਸਾਚਾ ਬੋਲੁ ॥ ਘਰਿ ਦਰਿ ਸਾਚਾ ਨਾਹੀ ਰੋਲੁ ॥੨॥ ਇਕਿ ਬਨ ਮਹਿ ਬੈਸਹਿ ਡੂਗਰਿ ਅਸਥਾਨੁ ॥ ਨਾਮੁ ਬਿਸਾਰਿ ਪਚਹਿ ਅਭਿਮਾਨੁ ॥ ਨਾਮ ਬਿਨਾ ਕਿਆ ਗਿਆਨ ਧਿਆਨੁ ॥ ਗੁਰਮੁਖਿ ਪਾਵਹਿ ਦਰਗਹਿ ਮਾਨੁ ॥੩॥ ਹਠੁ ਅਹੰਕਾਰੁ ਕਰੈ ਨਹੀ ਪਾਵੈ ॥ ਪਾਠ ਪੜੈ ਲੇ ਲੋਕ ਸੁਣਾਵੈ ॥ ਤੀਰਥਿ ਭਰਮਸਿ ਬਿਆਧਿ ਨ ਜਾਵੈ ॥ ਨਾਮ ਬਿਨਾ ਕੈਸੇ ਸੁਖੁ ਪਾਵੈ ॥੪॥ ਜਤਨ ਕਰੈ ਬਿੰਦੁ ਕਿਵੈ ਨ ਰਹਾਈ ॥ ਮਨੂਆ ਡੋਲੈ ਨਰਕੇ ਪਾਈ ॥ ਜਮ ਪੁਰਿ ਬਾਧੋ ਲਹੈ ਸਜਾਈ ॥ ਬਿਨੁ ਨਾਵੈ ਜੀਉ ਜਲਿ ਬਲਿ ਜਾਈ ॥੫॥ ਸਿਧ ਸਾਧਿਕ ਕੇਤੇ ਮੁਨਿ ਦੇਵਾ ॥ ਹਠਿ ਨਿਗ੍ਰਹਿ ਨ ਤ੍ਰਿਪਤਾਵਹਿ ਭੇਵਾ ॥ ਸਬਦੁ ਵੀਚਾਰਿ ਗਹਹਿ ਗੁਰ ਸੇਵਾ ॥ ਮਨਿ ਤਨਿ ਨਿਰਮਲ ਅਭਿਮਾਨ ਅਭੇਵਾ ॥੬॥ ਕਰਮਿ ਮਿਲੈ ਪਾਵੈ ਸਚੁ ਨਾਉ ॥ ਤੁਮ ਸਰਣਾਗਤਿ ਰਹਉ ਸੁਭਾਉ ॥ ਤੁਮ ਤੇ ਉਪਜਿਓ ਭਗਤੀ ਭਾਉ ॥ ਜਪੁ ਜਾਪਉ ਗੁਰਮੁਖਿ ਹਰਿ ਨਾਉ ॥੭॥ ਹਉਮੈ ਗਰਬੁ ਜਾਇ ਮਨ ਭੀਨੈ ॥ ਝੂਠਿ ਨ ਪਾਵਸਿ ਪਾਖੰਡਿ ਕੀਨੈ ॥ ਬਿਨੁ ਗੁਰ ਸਬਦ ਨਹੀ ਘਰੁ ਬਾਰੁ ॥ ਨਾਨਕ ਗੁਰਮੁਖਿ ਤਤੁ ਬੀਚਾਰੁ ॥੮॥੬॥ {ਪੰਨਾ 905-906}

ਪਦਅਰਥ:- ਅੰਤਰਿ—ਪਰਮਾਤਮਾ ਦੇ ਹੀ ਅੰਦਰ। ਉਤਭੁਜ—(ਸ੍ਰਿਸ਼ਟੀ ਦੀ) ਉਤਪੱਤੀ। ਜੋ ਕਹੀਐ—ਜਿਸ ਭੀ ਚੀਜ਼ ਦਾ ਨਾਮ ਲਿਆ ਜਾਏ। ਤੇ—ਤੋਂ। ਜੁਗਹ ਜੁਗੰਤਰਿ—ਜੁਗਾਂ ਜੁਗਾਂ ਦੇ ਅੰਦਰ। ਸਚੁ—ਸਦਾ-ਥਿਰ। ਪਰਲਉ—ਨਾਸ।1।

ਗਹਿਰ—ਡੂੰਘਾ, ਜਿਸ ਦਾ ਭੇਦ ਨ ਪਾਇਆ ਜਾ ਸਕੇ। ਗੰਭੀਰੁ—ਵੱਡੇ ਜਿਗਰੇ ਵਾਲਾ। ਜਿਨਿ—ਜਿਸ (ਭੀ ਮਨੁੱਖ) ਨੇ। ਨਾਮਿ—ਨਾਮ ਦੀ ਰਾਹੀਂ। ਜਮ ਤੀਰੁ—ਜਮ ਦਾ ਤੀਰ।1। ਰਹਾਉ।

ਨਿਰਮੋਲੁ—ਜਿਸ ਦਾ ਮੁੱਲ ਨ ਪਾਇਆ ਜਾ ਸਕੇ। ਅਮਰੁ—ਅਟੱਲ। ਜਿਹਵਾ—ਜੀਭ। ਘਰਿ ਦਰਿ—ਹਿਰਦੇ ਵਿਚ। ਰੋਲੁ—ਭੁਲੇਖਾ।2।

ਇਕਿ—ਕਈ ਬੰਦੇ। ਡੂਗਰਿ—ਪਹਾੜ ਵਿਚ। ਅਸਥਾਨੁ—ਗੁਫ਼ਾ ਆਦਿਕ ਥਾਂ (ਬਣਾ ਕੇ)। ਪਚਹਿ—ਖ਼ੁਆਰ ਹੁੰਦੇ ਹਨ। ਕਿਆ—ਵਿਅਰਥ।3।

ਹਠੁ—(ਮਨ ਦੀ ਇਕਾਗ੍ਰਤਾ ਵਾਸਤੇ ਸਰੀਰ ਉਤੇ) ਧੱਕਾ-ਜ਼ੋਰ। ਲੇ—ਲੈ ਕੇ। ਭਰਮਸਿ—(ਜੇ) ਭਵੇਂਗਾ। ਬਿਆਧਿ—ਰੋਗ, ਕਾਮਾਦਿ ਰੋਗ।4।

ਬਿੰਦੁ—ਵੀਰਜ। ਕਿਵੈ—ਕਿਸੇ ਤਰ੍ਹਾਂ ਭੀ। ਬਿੰਦੁ ਨ ਰਹਾਵੈ—ਕਾਮ-ਵਾਸਨਾ ਤੋਂ ਨਹੀਂ ਬਚਦਾ। ਨਰਕੇ—ਨਰਕ ਵਿਚ। ਲਹੈ—ਲੈਂਦਾ ਹੈ, ਸਹਾਰਦਾ ਹੈ। ਜੀਉ—ਜਿੰਦ।5।

ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਸਾਧਿਕ—ਜੋਗ-ਸਾਧਨ ਕਰਨ ਵਾਲੇ। ਹਠਿ—ਹਠ ਦੀ ਰਾਹੀਂ। ਨਿਗ੍ਰਹਿ—ਨਿਗ੍ਰਹ ਦੀ ਰਾਹੀਂ, ਇੰਦ੍ਰਿਆਂ ਨੂੰ ਰੋਕਣ ਦੇ ਜਤਨ ਨਾਲ। ਨ ਤ੍ਰਿਪਤਾਵਹਿ—ਨਹੀਂ ਮਿਟਾ ਸਕਦੇ। ਭੇਵਾ—ਅੰਦਰਲੀ ਵਿਖੇਪਤਾ। ਗਹਹਿ—ਪਕੜਦੇ ਹਨ, ਕਰਦੇ ਹਨ। ਅਭਿਮਾਨ ਅਭੇਵਾ—ਅਭਿਮਾਨ ਦਾ ਅਭਾਵ।6।

ਕਰਮਿ—ਬਖ਼ਸ਼ਸ਼ ਦੁਆਰਾ, ਮੇਹਰ ਨਾਲ। ਸਚੁ—ਸਦਾ-ਥਿਰ। ਰਹਉ—ਮੈਂ ਰਹਿੰਦਾ ਹਾਂ। ਸੁ ਭਾਉ—(ਤੇਰੇ ਚਰਨਾਂ ਦਾ) ਸ੍ਰੇਸ਼ਟ ਪ੍ਰੇਮ। ਤੇ—ਤੋਂ। ਭਾਉ—ਪ੍ਰੇਮ। ਜਾਪਉ—ਮੈਂ ਜਪਦਾ ਹਾਂ (ਗੁਰੂ ਦੀ ਸਰਨ ਪੈ ਕੇ)।7।

ਗਰਬੁ—ਅਹੰਕਾਰ। ਜਾਇ—ਦੂਰ ਹੁੰਦਾ ਹੈ। ਮਨ ਭੀਨੈ—ਜੇ ਮਨ ਭਿੱਜ ਜਾਏ। ਨ ਪਾਵਸਿ—ਨਹੀਂ ਪ੍ਰਾਪਤ ਕਰੇਗਾ। ਪਾਖੰਡਿ ਕੀਨੈ—ਜੇ ਪਾਖੰਡ ਕੀਤਾ ਜਾਏ, ਪਾਖੰਡ ਕੀਤਿਆਂ। ਘਰੁ ਬਾਰੁ—ਪੱਕਾ ਟਿਕਾਣਾ, ਪਰਮਾਤਮਾ ਦਾ ਮਹਲ। ਤਤੁ—ਜਗਤ ਦਾ ਮੂਲ ਪਰਮਾਤਮਾ। ਬੀਚਾਰੁ—ਪ੍ਰਭੂ ਦੇ ਗੁਣਾਂ ਦੀ ਵਿਚਾਰ।8।

ਅਰਥ:- ਸਾਡਾ ਪਾਲਣਹਾਰ ਪ੍ਰਭੂ ਬੜਾ ਅਥਾਹ ਹੈ ਤੇ ਵੱਡੇ ਜਿਗਰੇ ਵਾਲਾ ਹੈ। ਜਿਸ ਭੀ ਮਨੁੱਖ ਨੇ (ਉਸ ਦਾ ਨਾਮ) ਜਪਿਆ ਹੈ ਉਸੇ ਨੇ ਹੀ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ। ਪਰਮਾਤਮਾ ਦੇ ਨਾਮ ਵਿਚ ਜੁੜਿਆਂ ਮੌਤ ਦਾ ਡਰ ਨਹੀਂ ਪੋਂਹਦਾ।1। ਰਹਾਉ।

(ਉਹ ਪਰਮਾਤਮਾ ਐਸਾ ਹੈ ਕਿ) ਸ੍ਰਿਸ਼ਟੀ ਦੀ ਉਤਪੱਤੀ (ਦੀ ਤਾਕਤ) ਉਸ ਦੇ ਆਪਣੇ ਅੰਦਰ ਹੀ ਹੈ (ਉਤਪੱਤੀ ਕਰਨ ਵਾਲਾ) ਹੋਰ ਕੋਈ ਭੀ ਨਹੀਂ ਹੈ। ਜਿਸ ਭੀ ਚੀਜ਼ ਦਾ ਨਾਮ ਲਿਆ ਜਾਏ ਉਹ ਪਰਮਾਤਮਾ ਤੋਂ ਹੀ ਪੈਦਾ ਹੋਈ ਹੈ। ਉਹੀ ਮਾਲਕ ਜੁਗਾਂ ਜੁਗਾਂ ਵਿਚ ਸਦਾ-ਥਿਰ ਚਲਿਆ ਆ ਰਿਹਾ ਹੈ। ਜਗਤ ਦੀ ਉਤਪੱਤੀ ਤੇ ਜਗਤ ਦਾ ਨਾਸ ਕਰਨ ਵਾਲਾ (ਉਸ ਤੋਂ ਬਿਨਾ) ਕੋਈ ਹੋਰ ਨਹੀਂ ਹੈ।1।

ਪਰਮਾਤਮਾ ਦਾ ਨਾਮ (ਇਕ ਐਸਾ) ਰਤਨ ਹੈ ਹੀਰਾ ਹੈ ਜਿਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ (ਜੋ ਕਿਸੇ ਕੀਮਤ ਤੋਂ ਨਹੀਂ ਮਿਲ ਸਕਦਾ); ਉਹ ਸਦਾ-ਥਿਰ ਰਹਿਣ ਵਾਲਾ ਮਾਲਕ ਹੈ ਉਹ ਕਦੇ ਮਰਨ ਵਾਲਾ ਨਹੀਂ ਹੈ, ਉਸ ਦੇ ਵਡੱਪਣ ਨੂੰ ਤੋਲਿਆ ਨਹੀਂ ਜਾ ਸਕਦਾ। ਜੇਹੜੀ ਜੀਭ (ਉਸ ਅਮਰ ਅਡੋਲ ਪ੍ਰਭੂ ਦੀ ਸਿਫ਼ਤਿ ਸਾਲਾਹ ਦਾ) ਬੋਲ ਬੋਲਦੀ ਹੈ ਉਹ ਸੁੱਚੀ ਹੈ। ਸਿਫ਼ਤਿ-ਸਾਲਾਹ ਕਰਨ ਵਾਲੇ ਬੰਦੇ ਨੂੰ ਅੰਦਰ ਬਾਹਰ ਹਰ ਥਾਂ ਉਹ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ, ਇਸ ਬਾਰੇ ਉਸ ਨੂੰ ਕੋਈ ਭੁਲੇਖਾ ਨਹੀਂ ਲੱਗਦਾ।2।

ਅਨੇਕਾਂ ਬੰਦੇ (ਗ੍ਰਿਹਸਤ ਤਿਆਗ ਕੇ) ਜੰਗਲਾਂ ਵਿਚ ਜਾ ਬੈਠਦੇ ਹਨ, ਪਹਾੜ ਵਿਚ (ਗੁਫ਼ਾ ਆਦਿਕ) ਥਾਂ (ਬਣਾ ਕੇ) ਬੈਠਦੇ ਹਨ (ਆਪਣੇ ਇਸ ਉੱਦਮ ਦਾ) ਮਾਣ (ਭੀ) ਕਰਦੇ ਹਨ, ਪਰ ਪਰਮਾਤਮਾ ਦਾ ਨਾਮ ਵਿਸਾਰ ਕੇ ਉਹ ਖ਼ੁਆਰ (ਹੀ) ਹੁੰਦੇ ਹਨ। ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿ ਕੇ ਕੋਈ ਗਿਆਨ-ਚਰਚਾ ਤੇ ਕੋਈ ਸਮਾਧੀ ਕਿਸੇ ਅਰਥ ਨਹੀਂ। ਜੇਹੜੇ ਮਨੁੱਖ ਗੁਰੂ ਦੇ ਰਸਤੇ ਤੁਰਦੇ ਹਨ (ਤੇ ਨਾਮ ਜਪਦੇ ਹਨ) ਉਹ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦੇ ਹਨ।3।

(ਜੇਹੜਾ ਮਨੁੱਖ ਇਕਾਗ੍ਰਤਾ ਆਦਿਕ ਵਾਸਤੇ ਸਰੀਰ ਉਤੇ ਕੋਈ) ਧੱਕਾ-ਜ਼ੋਰ ਕਰਦਾ ਹੈ (ਤੇ ਇਸ ਉੱਦਮ ਦਾ) ਮਾਣ (ਭੀ) ਕਰਦਾ ਹੈ, ਉਹ ਪਰਮਾਤਮਾ ਨੂੰ ਨਹੀਂ ਮਿਲ ਸਕਦਾ। ਜੇਹੜਾ ਮਨੁੱਖ (ਲੋਕ-ਵਿਖਾਵੇ ਦੀ ਖ਼ਾਤਰ) ਧਾਰਮਿਕ ਪੁਸਤਕਾਂ ਪੜ੍ਹਦਾ ਹੈ, ਪੁਸਤਕਾਂ ਲੈ ਕੇ ਲੋਕਾਂ ਨੂੰ (ਹੀ) ਸੁਣਾਂਦਾ ਹੈ, ਕਿਸੇ ਤੀਰਥ ਉਤੇ (ਭੀ ਇਸ਼ਨਾਨ ਵਾਸਤੇ) ਜਾਂਦਾ ਹੈ (ਇਸ ਤਰ੍ਹਾਂ) ਉਸ ਦਾ ਕਾਮਾਦਿਕ ਰੋਗ ਦੂਰ ਨਹੀਂ ਹੋ ਸਕਦਾ। ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਮਨੁੱਖ ਆਤਮਕ ਆਨੰਦ ਨਹੀਂ ਮਾਣ ਸਕਦਾ।4।

(ਬਨ-ਵਾਸ, ਡੂਗਰ-ਵਾਸ, ਹਠ, ਨਿਗ੍ਰਹ, ਤੀਰਥ-ਇਸ਼ਨਾਨ ਆਦਿਕ) ਜਤਨ ਮਨੁੱਖ ਕਰਦਾ ਹੈ, ਅਜੇਹੇ ਕਿਸੇ ਭੀ ਤਰੀਕੇ ਨਾਲ ਕਾਮ-ਵਾਸਨਾ ਰੋਕੀ ਨਹੀਂ ਜਾ ਸਕਦੀ, ਮਨ ਡੋਲਦਾ ਹੀ ਰਹਿੰਦਾ ਹੈ ਤੇ ਜੀਵ ਨਰਕ ਵਿਚ ਹੀ ਪਿਆ ਰਹਿੰਦਾ ਹੈ, ਕਾਮ-ਵਾਸ਼ਨਾ ਆਦਿਕ ਵਿਕਾਰਾਂ ਵਿਚ ਬੱਝਾ ਹੋਇਆ ਜਮਰਾਜ ਦੀ ਪੁਰੀ ਵਿਚ (ਆਤਮਕ ਕਲੇਸ਼ਾਂ ਦੀ) ਸਜ਼ਾ ਭੁਗਤਦਾ ਹੈ। ਪਰਮਾਤਮਾ ਦੇ ਨਾਮ ਤੋਂ ਬਿਨਾ ਜਿੰਦ ਵਿਕਾਰਾਂ ਵਿਚ ਸੜਦੀ ਭੁੱਜਦੀ ਰਹਿੰਦੀ ਹੈ।5।

ਅਨੇਕਾਂ ਸਿੱਧ ਸਾਧਿਕ ਰਿਸ਼ੀ ਮੁਨੀ (ਹਠ ਨਿਗ੍ਰਹ ਆਦਿਕ ਕਰਦੇ ਹਨ ਪਰ) ਹਠ ਨਿਗ੍ਰਹ ਨਾਲ ਅੰਦਰਲੀ ਵਿਖੇਪਤਾ ਨੂੰ ਮਿਟਾ ਨਹੀਂ ਸਕਦੇ। ਜੇਹੜੇ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਵਿਚਾਰ-ਮੰਡਲ ਵਿਚ ਟਿਕਾ ਕੇ ਗੁਰੂ ਦੀ (ਦੱਸੀ) ਸੇਵਾ (ਦਾ ਉੱਦਮ) ਗ੍ਰਹਿਣ ਕਰਦੇ ਹਨ ਉਹਨਾਂ ਦੇ ਮਨ ਵਿਚ ਉਹਨਾਂ ਦੇ ਸਰੀਰ ਵਿਚ (ਭਾਵ, ਇੰਦ੍ਰਿਆਂ

ਵਿਚ) ਪਵਿਤ੍ਰਤਾ ਆ ਜਾਂਦੀ ਹੈ, ਉਹਨਾਂ ਦੇ ਅੰਦਰ ਅਹੰਕਾਰ ਦਾ ਅਭਾਵ ਹੋ ਜਾਂਦਾ ਹੈ।6।

ਜਿਸ ਮਨੁੱਖ ਨੂੰ ਆਪਣੀ ਮੇਹਰ ਨਾਲ ਪਰਮਾਤਮਾ ਮਿਲਦਾ ਹੈ ਉਹ ਸਦਾ-ਥਿਰ ਪ੍ਰਭੂ-ਨਾਮ (ਦੀ ਦਾਤਿ) ਪ੍ਰਾਪਤ ਕਰਦਾ ਹੈ।

(ਹੇ ਪ੍ਰਭੂ!) ਮੈਂ ਭੀ ਤੇਰੀ ਸਰਨ ਆ ਟਿਕਿਆ ਹਾਂ (ਤਾ ਕਿ ਤੇਰੇ ਚਰਨਾਂ ਦਾ) ਸ੍ਰੇਸ਼ਟ ਪ੍ਰੇਮ (ਮੈਂ ਹਾਸਲ ਕਰ ਸਕਾਂ)। (ਜੀਵ ਦੇ ਅੰਦਰ) ਤੇਰੀ ਭਗਤੀ ਤੇਰਾ ਪ੍ਰੇਮ ਤੇਰੀ ਮੇਹਰ ਨਾਲ ਹੀ ਪੈਦਾ ਹੁੰਦੇ ਹਨ। ਹੇ ਹਰੀ! (ਜੇ ਤੇਰੀ ਮੇਹਰ ਹੋਵੇ ਤਾਂ) ਮੈਂ ਗੁਰੂ ਦੀ ਸਰਨ ਪੈ ਕੇ ਤੇਰੇ ਨਾਮ ਦਾ ਜਾਪ ਜਪਦਾ ਰਹਾਂ।7।

ਜੇ ਜੀਵ ਦਾ ਮਨ ਪਰਮਾਤਮਾ ਦੇ ਨਾਮ-ਰਸ ਵਿਚ ਭਿੱਜ ਜਾਏ ਤਾਂ ਅੰਦਰੋਂ ਹਉਮੈ ਅਹੰਕਾਰ ਦੂਰ ਹੋ ਜਾਂਦਾ ਹੈ, ਪਰ (ਨਾਮ-ਰਸ ਵਿਚ ਭਿੱਜਣ ਦੀ ਇਹ ਦਾਤਿ) ਝੂਠ ਦੀ ਰਾਹੀਂ ਜਾਂ ਪਖੰਡ ਕੀਤਿਆਂ ਕੋਈ ਭੀ ਨਹੀਂ ਪ੍ਰਾਪਤ ਕਰ ਸਕਦਾ। ਗੁਰੂ ਦੇ ਸ਼ਬਦ ਤੋਂ ਬਿਨਾ ਪਰਮਾਤਮਾ ਦਾ ਦਰਬਾਰ ਨਹੀਂ ਲੱਭ ਸਕਦਾ।

ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਜਗਤ ਦੇ ਮੂਲ ਪ੍ਰਭੂ ਨੂੰ ਮਿਲ ਪੈਂਦਾ ਹੈ, ਉਹ ਪ੍ਰਭੂ ਦੇ ਗੁਣਾਂ ਦੀ ਵਿਚਾਰ (ਦਾ ਸੁਭਾਉ) ਪ੍ਰਾਪਤ ਕਰ ਲੈਂਦਾ ਹੈ।8।6।